# ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ - ਕਾਲਜ ਗਤਕਾ ਮੁਕਾਬਲਿਆਂ ਦੀ ਸ਼ੁਰੂਆਤ



ਸ੍ਰੀ ਆਨੰਦਪੁਰ ਸਾਹਿਬ, 10 ਨਵੰਬਰ (ਜੋਗਿੰਦਰ ਰਾਣਾ / ਦਰਸ਼ ਰਾਣਾ ) - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ-ਕਾਲਜ ਗਤਕਾ ਮੁਕਾਬਲਿਆਂ ਦਾ ਸੁਭ ਅਰੰਭ ਹੋਇਆ। ਇਸ ਮੌਕੇ ਖਾਲਸਾ ਕਾਲਜ ਭਾੜ ਸਾਹਿਬ ਦੇ ਪ੍ਰਿੰਸੀਪਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈ ਜਾ ਰਹੀ ਨਿਸਚੈ ਅਕੈਡਮੀ ਦੇ ਡਿਪਟੀ ਡਾਇਰੈਕਟਰ ਡਾ. ਰਜਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸਿਰਕਤ ਕੀਤੀ। ਮੁਕਾਬਲਿਆਂ ਦੀ ਸੁਰੂਆਤ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਰਜਿੰਦਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨਸੀਲ ਹਨ। ਉਨ੍ਹਾਂ ਕਿਹਾ ਕਿ ਸਿੱਖ ਮਾਰਸਲ ਆਰਟ ਗਤਕਾ ਸਾਡੀ ਵਿਰਾਸਤ ਦਾ ਅਹਿਮ ਹਿੱਸਾ ਹੈ ਅਤੇ ਇਸ ਨੂੰ ਪ੍ਰਫੁੱਲਿਤ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਅਦਾਰਿਆਂ ਵਿੱਚ ਵਿਸੇਸ ਤੌਰ ‘ਤੇ ਸਿਖਲਾਈ ਦਿੱਤੀ ਜਾ ਰਹੀ ਹੈ। ਡਾ. ਰਜਿੰਦਰ ਕੌਰ ਨੇ ਖਾਲਸਾ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ ਨੂੰ ਇਹ ਮੁਕਾਬਲੇ ਕਰਵਾਉਣ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਸੰਸਥਾ ਅਕਾਦਮਿਕ, ਖੇਡ ਅਤੇ ਸੱਭਿਆਚਾਰਕ ਖੇਤਰਾਂ ਵਿੱਚ ਸਾਨਦਾਰ ਪ੍ਰਾਪਤੀਆਂ ਕਰ ਰਹੀ ਹੈ ਤੇ ਇਲਾਕੇ ਦੀ ਸਿਰਮੌਰ ਸੰਸਥਾ ਵਜੋਂ ਵਿਚਰ ਰਹੀ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਦਾ ਸੁਆਗਤ ਕਰਦਿਆਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅਧੀਨ ਆਉਂਦੇ 16 ਕਾਲਜਾਂ ਦੇ ਵਿਦਿਆਰਥੀ ਇਸ ਮੁਕਾਬਲੇ ਵਿੱਚ ਹਿੱਸਾ ਲੈ ਰਹੇ ਹਨ। ਉਨ੍ਹਾਂ ਖਿਡਾਰੀਆਂ ਨੂੰ ਸੱਚੀ ਖੇਡ ਭਾਵਨਾ ਨਾਲ ਪ੍ਰਦਰਸਨ ਕਰਨ ਲਈ ਉਤਸਾਹਿਤ ਕੀਤਾ। ਸਮਾਰੋਹ ਦੌਰਾਨ ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸੋਕ ਕੁਮਾਰ, ਪ੍ਰੋ. ਜਗਵੰਤ ਸਿੰਘ, ਕਬੱਡੀ ਕੋਚ ਗੁਰਦੇਵ ਸਿੰਘ ਸਮੇਤ ਕਾਲਜ ਦਾ ਸਮੁੱਚਾ ਸਟਾਫ ਮੌਜੂਦ ਸੀ।

ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com

# ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ-ਕਾਲਜ ਗਤਕਾ ਮੁਕਾਬਲਿਆਂ ਦੀ ਸ਼ੁਰੂਆਤ



ਪ੍ਰਾਈਮ ਉਦੇ

ਸ੍ਰੀ ਆਨੰਦਪੁਰ ਸਾਹਿਬ, 10 ਨਵੰਬਰ (ਜੋਗਿੰਦਰ ਰਾਣਾ/ਦਰਸ਼ ਰਾਣਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ-ਕਾਲਜ ਗਤਕਾ ਮੁਕਾਬਲਿਆਂ ਦਾ ਸ਼ੁਭ ਅਰੰਭ ਹੋਇਆ। ਇਸ ਮੌਕੇ ਖਾਲਸਾ ਕਾਲਜ ਝਾੜ ਸਾਹਿਬ ਦੇ ਪ੍ਰਿੰਸੀਪਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈ ਜਾ ਰਹੀ ਨਿਸ਼ਚੈ ਅਕੈਡਮੀ ਦੇ ਡਿਪਟੀ ਡਾਇਰੈਕਟਰ ਡਾ. ਰਜਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੁਕਾਬਲਿਆਂ ਦੀ ਸ਼ੁਰੂਆਤ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਰਜਿੰਦਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਸਿੱਖ ਮਾਰਸ਼ਲ ਆਰਟ ਗਤਕਾ ਸਾਡੀ ਵਿਰਾਸਤ ਦਾ ਅਹਿਮ ਹਿੱਸਾ ਹੈ ਅਤੇ ਇਸ ਨੂੰ ਪ੍ਰਫੁੱਲਿਤ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਅਦਾਰਿਆਂ ਵਿੱਚ ਵਿਸ਼ੇਸ਼ ਤੌਰ 'ਤੇ ਸਿਖਲਾਈ ਦਿੱਤੀ ਜਾ ਰਹੀ ਹੈ। ਡਾ. ਰਜਿੰਦਰ ਕੌਰ ਨੇ ਖਾਲਸਾ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ ਨੂੰ ਇਹ ਮੁਕਾਬਲੇ ਕਰਵਾਉਣ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਸੰਸਥਾ ਅਕਾਦਮਿਕ, ਖੇਡ ਅਤੇ ਸੱਭਿਆਚਾਰਕ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰ ਰਹੀ ਹੈ ਤੇ ਇਲਾਕੇ ਦੀ ਸਿਰਮੌਰ ਸੰਸਥਾ ਵਜੋਂ ਵਿਚਰ ਰਹੀ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਦਾ ਸੁਆਗਤ ਕਰਦਿਆਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅਧੀਨ ਆਉਂਦੇ 16 ਕਾਲਜਾਂ ਦੇ ਵਿਦਿਆਰਥੀ ਇਸ ਮੁਕਾਬਲੇ ਵਿੱਚ ਹਿੱਸਾ ਲੈ ਰਹੇ ਹਨ। ਉਨ੍ਹਾਂ ਖਿਡਾਰੀਆਂ ਨੂੰ ਸੱਚੀ ਖੇਡ ਭਾਵਨਾ ਨਾਲ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ। ਸਮਾਰੋਹ ਦੌਰਾਨ ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਜਗਵੰਤ ਸਿੰਘ, ਕਬੱਡੀ ਕੋਚ ਗੁਰਦੇਵ ਸਿੰਘ ਸਮੇਤ ਕਾਲਜ ਦਾ ਸਮੁੱਚਾ ਸਟਾਫ ਮੌਜੂਦ ਸੀ।

# ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ-ਕਾਲਜ ਗਤਕਾ ਮੁਕਾਬਲਿਆਂ ਦੀ ਸ਼ੁਰੂਆਤ

ਸ੍ਰੀ ਆਨੰਦਪੁਰ ਸਾਹਿਬ, 10 ਨਵੰਬਰ (ਦਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ-ਕਾਲਜ ਗਤਕਾ ਮੁਕਾਬਲਿਆਂ ਦਾ ਸ਼ੁਭ ਅਰੰਭ ਹੋਇਆ। ਇਸ ਮੌਕੇ ਖਾਲਸਾ ਕਾਲਜ ਝਾੜ ਸਾਹਿਬ ਦੇ ਪ੍ਰਿੰਸੀਪਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈ ਜਾ ਰਹੀ ਨਿਸ਼ਚੈ ਅਕੈਡਮੀ ਦੇ ਡਿਪਟੀ ਡਾਇਰੈਕਟਰ ਡਾ. ਰਜਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਮੁਕਾਬਲਿਆਂ ਦੀ ਸ਼ੁਰੂਆਤ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਰਜਿੰਦਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਸਿੱਖ ਮਾਰਸ਼ਲ ਆਰਟ ਗਤਕਾ ਸਾਡੀ ਵਿਰਾਸਤ ਦਾ ਅਹਿਮ ਹਿੱਸਾ ਹੈ ਅਤੇ ਇਸ ਨੂੰ ਪ੍ਰਫੁੱਲਿਤ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਅਦਾਰਿਆਂ 'ਚ ਵਿਸ਼ੇਸ਼ ਤੌਰ 'ਤੇ ਸਿਖਲਾਈ ਦਿੱਤੀ ਜਾ ਰਹੀ ਹੈ। ਡਾ. ਰਜਿੰਦਰ ਕੌਰ ਨੇ ਖਾਲਸਾ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਨੂੰ ਇਹ ਮੁਕਾਬਲੇ ਕਰਵਾਉਣ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਸੰਸਥਾ ਅਕਾਦਮਿਕ, ਖੇਡ ਅਤੇ ਸੱਭਿਆਚਾਰਕ ਖੇਤਰਾਂ 'ਚ ਸ਼ਾਨਦਾਰ ਪ੍ਰਾਪਤੀਆਂ ਕਰ ਰਹੀ ਹੈ ਤੇ ਇਲਾਕੇ ਦੀ ਸਿਰਮੌਰ ਸੰਸਥਾ ਵਜੋਂ ਵਿਚਰ ਰਹੀ ਹੈ।



ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ ਕਾਲਜ ਗਤਕਾ ਮੁਕਾਬਲਿਆਂ ਦੀ ਸ਼ੁਰੂਆਤ ਦਾ ਦ੍ਰਿਸ਼। (ਦਲਜੀਤ)

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਮੁੱਖ ਮਹਿਮਾਨ ਦਾ ਸੁਆਗਤ ਕਰਦਿਆਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅਧੀਨ ਆਉਂਦੇ 16 ਕਾਲਜਾਂ ਦੇ ਵਿਦਿਆਰਥੀ ਇਸ ਮੁਕਾਬਲੇ 'ਚ ਹਿੱਸਾ ਲੈ ਰਹੇ ਹਨ। ਉਨ੍ਹਾਂ ਖਿਡਾਰੀਆਂ ਨੂੰ ਸੱਚੀ ਖੇਡ ਭਾਵਨਾ ਨਾਲ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ। ਸਮਾਰੋਹ ਦੌਰਾਨ ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਜਗਵੰਤ ਸਿੰਘ, ਕਬੱਡੀ ਕੋਚ ਗੁਰਦੇਵ ਸਿੰਘ ਸਮੇਤ ਕਾਲਜ ਦਾ ਸਮੁੱਚਾ ਸਟਾਫ਼ ਮੌਜੂਦ ਸੀ।



ਗੱਤਕਾ ਮੁਕਾਬਲਿਆਂ ਦੀ ਆਰੰਭਤਾ ਕਰਾ ਰਹੇ ਪ੍ਰਿੰਸੀਪਲ ਡਾ. ਜਸਵੀਰ ਸਿੰਘ।

# ਖਾਲਸਾ ਕਾਲਜ ਨੇ ਕੀਤਾ ਗਤਕਾ ਮੁਕਾਬਲਿਆਂ ਦਾ ਆਰੰਭ

**ਸੁਰਿੰਦਰ ਸਿੰਘ ਸੋਨੀ • ਪੰਜਾਬੀ ਜਾਗਰਣ,**

**ਸ੍ਰੀ ਅਨੰਦਪੁਰ ਸਾਹਿਬ :** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ-ਕਾਲਜ ਗੱਤਕਾ ਮੁਕਾਬਲਿਆਂ ਦੀ ਸ਼ੁਰੂਆਤ ਸ਼ਾਨਦਾਰ ਢੰਗ ਨਾਲ ਹੋਈ। ਸਮਾਗਮ ਦਾ ਉਦਘਾਟਨ ਖਾਲਸਾ ਕਾਲਜ ਝਾੜ ਸਾਹਿਬ ਦੀ ਪ੍ਰਿੰਸੀਪਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਚਲਾਈ ਜਾ ਰਹੀ ਨਿਸ਼ਚੇ ਅਕੈਡਮੀ ਦੀ ਡਿਪਟੀ ਡਾਇਰੈਕਟਰ ਡਾ. ਰਜਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਰਜਿੰਦਰ ਕੌਰ ਨੇ ਕਿਹਾ ਕਿ ਸਿੱਖ ਮਾਰਸ਼ਲ ਆਰਟ ਗੱਤਕਾ ਸਾਡੀ ਵਿਰਾਸਤ ਦਾ ਮਾਣ ਹੈ, ਜਿਸ ਨੇ ਸਿੱਖ ਪੰਥ ਨੂੰ ਅਟੱਲ ਹੌਸਲੇ, ਅਡਿੱਗ ਜੁਝਾਰਪੁਣ ਅਤੇ ਆਤਮ-ਵਿਸ਼ਵਾਸ ਦਾ ਰਾਹ ਦੱਸਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਿਰਾਸਤੀ ਖੇਡਾਂ ਨੂੰ ਖਾਸ ਤਰਜੀਹ ਦੇ ਰਹੇ ਹਨ। ਇਸ ਮੌਕੇ ਉਨ੍ਹਾਂ ਨੇ ਕਾਲਜ ਪ੍ਰਬੰਧਕ ਮੰਡਲ ਨੂੰ ਮੁਕਾਬਲੇ ਸ਼ਾਨਦਾਰ ਢੰਗ ਨਾਲ ਕਰਵਾਉਣ ਕਰਨ ਲਈ ਵਧਾਈ ਦਿੱਤੀ। ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅਧੀਨ ਆਉਂਦੇ 16 ਕਾਲਜਾਂ ਦੇ ਵਿਦਿਆਰਥੀ ਇਸ ਮੁਕਾਬਲੇ ਵਿਚ ਹਿੱਸਾ ਲੈ ਰਹੇ ਹਨ। ਉਨ੍ਹਾਂ ਖਿਡਾਰੀਆਂ ਨੂੰ ਕਿਹਾ ਕਿ ਖੇਡ ਭਾਵਨਾ, ਅਨੁਸ਼ਾਸ਼ਨ ਅਤੇ ਜੋਸ਼ ਨਾਲ ਪ੍ਰਦਰਸ਼ਨ ਕਰਨਾ ਹੀ ਅਸਲ ਜਿੱਤ ਹੁੰਦੀ ਹੈ। ਇਸ ਮੌਕੇ ਕਾਲਜ ਦੇ ਸ਼ਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਜਗਵੰਤ ਸਿੰਘ, ਕਬੱਡੀ ਕੋਚ ਗੁਰਦੇਵ ਸਿੰਘ ਸਮੇਤ ਅਧਿਆਪਕ ਅਤੇ ਵਿਦਿਆਰਥੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# खालसा कॉलेज में इंटर कॉलेज गतका मुकाबले शुरू

## पंजाबी यूनिवर्सिटी पटियाला के 16 कॉलेजों के खिलाड़ी ले रहे प्रतियोगिता में हिस्सा

भास्कर न्यूज | श्री आनंदपुर साहिब



श्री गुरु तेग बहादुर खालसा कॉलेज में पंजाबी यूनिवर्सिटी पटियाला के इंटर कॉलेज गतका प्रतियोगिताओं का शुभारंभ हुआ। इस अवसर पर खालसा कॉलेज झाड़ साहिब की प्रिंसिपल और शिरोमणि गुरुद्वारा प्रबंधक कमेटी द्वारा संचालित निश्चय अकादमी की डिप्टी डायरेक्टर डॉ. रजिंदर कौर मुख्य अतिथि रहीं। प्रतियोगिताओं की शुरुआत पर डॉ. रजिंदर कौर ने कहा कि शिरोमणि कमेटी के शैक्षणिक संस्थान विद्यार्थियों के सर्वांगीण विकास के लिए निरंतर प्रयासरत हैं। उन्होंने कहा कि सिख मार्शल आर्ट गतका हमारी गौरवशाली विरासत का महत्वपूर्ण हिस्सा है। इसे बढ़ावा देने के लिए शिरोमणि कमेटी के अधीन संस्थानों में विशेष प्रशिक्षण दिया जा रहा है।

डॉ. रजिंदर कौर ने खालसा कॉलेज के प्रिंसिपल और पूरे स्टाफ को इन प्रतियोगिताओं के सफल आयोजन के लिए बधाई देते हुए कहा कि यह संस्थान अकादमिक, खेल और सांस्कृतिक क्षेत्रों में शानदार उपलब्धियां हासिल कर रहा है और क्षेत्र की अग्रणी संस्था बन चुका है। इस अवसर पर कॉलेज के प्रिंसिपल डॉ. जसवीर सिंह ने कहा कि पंजाबी यूनिवर्सिटी पटियाला के अधीन आने वाले 16 कॉलेजों के विद्यार्थी इस प्रतियोगिता में भाग ले रहे हैं। उन्होंने खिलाड़ियों को सच्ची खेल भावना से प्रदर्शन करने के लिए प्रोत्साहित किया। समारोह में कॉलेज के शारीरिक शिक्षा विभाग के प्रमुख प्रो. अशोक कुमार, प्रो. जगवंत सिंह, कबड्डी कोच गुरदेव सिंह सहित कॉलेज का समूचा स्टाफ मौजूद रहा।